**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**13:10**

**ਮਿਤੀ : 28-06-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਸਾਬਕਾ ਪ੍ਰਧਾਨ ਮੰਤਰੀ ਪੀਵੀ ਨਰਸਿਮਹਾ ਰਾਓ ਨੂੰ ਉਨ੍ਹਾਂ ਦੀ ਜਨਮ ਵਰ੍ਹੇਗੰਢ 'ਤੇ ਯਾਦ ਕੀਤਾ ਏ ਤੇ ਸ਼ਰਧਾਂਜਲੀ ਭੇਂਟ ਕੀਤੀ ਏ। ਭਾਰਤ ਦੇ ਵਿਕਾਸ ਨੂੰ ਨੁਹਾਰ ਦੇਣ ਵਿੱਚ ਉਨ੍ਹਾਂ ਦੀ ਮਹੱਤਵਪੂਰਨ ਭੂਮਿਕਾ ਨੂੰ ਯਾਦ ਕਰਦੇ ਹੋਏ, ਸ੍ਰੀ ਮੋਦੀ ਨੇ ਕਿਹਾ ਕਿ ਦੇਸ਼ ਪੀਵੀ ਨਰਸਿਮਹਾ ਰਾਓ ਦਾ, ਭਾਰਤ ਦੇ ਵਿਕਾਸ ਦੇ ਇੱਕ ਮਹੱਤਵਪੂਰਨ ਪੜਾਅ ਦੌਰਾਨ, ਪ੍ਰਭਾਵਸ਼ਾਲੀ ਅਗਵਾਈ ਲਈ ਧੰਨਵਾਦੀ ਏ। ਉਨ੍ਹਾਂ ਅੱਗੇ ਕਿਹਾ ਕਿ ਉਨ੍ਹਾਂ ਦੀ ਬੁੱਧੀਮਤਾ ਤੇ ਸਿਆਣਪ ਵਾਲੇ ਸੁਭਾਅ ਦੀ ਵੀ ਵਿਆਪਕ ਤੌਰ 'ਤੇ ਸ਼ਲਾਘਾ ਕੀਤੀ ਜਾਂਦੀ ਏ।

-----------------------------------------------------

ਰਾਸ਼ਟਰੀ ਜਾਂਚ ਏਜੰਸੀ (NIA) ਨੇ ਦਸੰਬਰ 2024 ਵਿੱਚ ਪੰਜਾਬ ਦੇ ਗੁਰਦਾਸਪੁਰ ਪੁਲਿਸ ਸਟੇਸ਼ਨ ਉਪਰ ਬੱਬਰ ਖਾਲਸਾ ਇੰਟਰਨੈਸ਼ਨਲ

(BKI) ਦੇ ਦਹਿਸ਼ਤਗਰਦਾਂ ਵੱਲੋਂ ਕੀਤੇ ਗਏ ਗ੍ਰਨੇਡ ਹਮਲੇ ਨਾਲ ਸਬੰਧਤ ਇੱਕ ਮਾਮਲੇ ਵਿੱਚ, 7 ਮੁਲਜ਼ਮਾਂ ਖਿਲਾਫ ਚਾਰਜਸ਼ੀਟ ਦਾਇਰ ਕੀਤੀ ਏ। ਦਹਿਸ਼ਤਗਰਦੀ ਵਿਰੋਧੀ ਏਜੰਸੀ ਨੇ ਉਨ੍ਹਾਂ ਵਿੱਚੋਂ ਚਾਰ ਨੂੰ ਪਹਿਲਾਂ ਹੀ ਗ੍ਰਿਫਤਾਰ ਕਰ ਲਿਆ ਏ, ਪਰ ਉਨ੍ਹਾਂ ਦੇ ਤਿੰਨ ਸਾਥੀ ਅਤੇ ਸਾਜ਼ਿਸ਼ਕਰਤਾ ਅਜੇ ਵੀ ਫਰਾਰ ਨੇ। ਗ੍ਰਿਫਤਾਰ ਕੀਤੇ ਗਏ ਚਾਰਾਂ ਦੀ ਪਛਾਣ, ਕੁਲਜੀਤ ਸਿੰਘ, ਅਭਿਜੋਤ ਸਿੰਘ, ਗੁਰਜਿੰਦਰ ਸਿੰਘ ਅਤੇ ਸ਼ੁਭਮ ਵਜੋਂ ਹੋਈ ਏ। ਇਹ ਸਾਰੇ ਬਟਾਲਾ ਦੇ ਪਿੰਡ ਕਿਲਾ ਲਾਲ ਸਿੰਘ ਦੇ ਵਸਨੀਕ ਨੇ। ਭਗੌੜੇ, ਅਮਰੀਕਾ-ਅਧਾਰਤ ਪਾਸੀਆ, ਪਾਕਿਸਤਾਨ-ਅਧਾਰਤ ਦਹਿਸ਼ਤਗਰਦ ਹਰਵਿੰਦਰ ਸਿੰਘ ਰਿੰਦਾ ਅਤੇ ਸ਼ਮਸ਼ੇਰ ਸਿੰਘ ਸ਼ੇਰਾ ਨੇ। ਇਹ ਸਾਰੇ 12 ਦਸੰਬਰ, 2024 ਨੂੰ ਹੋਏ ਹਮਲੇ ਦੀ ਸਾਜ਼ਿਸ਼ ਨੂੰ ਅੰਜਾਮ ਦੇਣ ਅਤੇ ਹਥਿਆਰ ਤੇ ਧਮਾਕਾਖੇਜ਼ ਸਮੱਗਰੀ ਸਪਲਾਈ ਕਰਨ ਵਿੱਚ ਸ਼ਾਮਲ ਸਨ।

---------------------------------------------------

ਪੰਜਾਬ ਪੁਲਿਸ ਦੇ ਸਾਈਬਰ ਅਪਰਾਧ ਡਿਵੀਜ਼ਨ ਨੇ ਦੋ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਏ ਅਤੇ ਵੱਖ-ਵੱਖ ਔਨਲਾਈਨ ਪਲੇਟਫਾਰਮਾਂ ਦੀ

ਵਰਤੋਂ ਕਰਕੇ, ਬਾਲ ਜਿਣਸੀ ਸ਼ੋਸ਼ਣ ਅਤੇ ਦੁਰਵਿਵਹਾਰ ਸਮੱਗਰੀ (CSEAM) ਦੇਖਣ, ਪ੍ਰਸਾਰਿਤ ਕਰਨ ਅਤੇ ਵੰਡਣ ਵਿੱਚ ਸ਼ਾਮਲ, 33 ਸ਼ੱਕੀ ਵਿਅਕਤੀਆਂ ਦੀ ਪਛਾਣ ਕੀਤੀ ਏ। ਇਹ ਕਾਰਵਾਈ ਕੇਂਦਰੀ ਗ੍ਰਹਿ ਮੰਤਰਾਲੇ ਦੇ Indian Cyber Crime Coordination Centre (I4C) ਵੱਲੋਂ ਕਾਰਵਾਈਯੋਗ ਖੁਫੀਆ ਜਾਣਕਾਰੀ ਮਿਲਣ ਤੋਂ ਬਾਅਦ, ਅਜਿਹੇ ਲੋਕਾਂ ਨੂੰ ਫੜਨ ਅਤੇ ਉਨ੍ਹਾਂ ਦੀ ਸ਼ਨਾਖਤ ਕਰਨ ਲਈ, ਪੰਜਾਬ ਭਰ ਦੇ 18 ਜ਼ਿਲ੍ਹਿਆਂ ਵਿੱਚ, 40 ਥਾਵਾਂ 'ਤੇ ਕੀਤੀ ਗਈ। ਪੰਜਾਬ ਰਾਜ ਸਾਈਬਰ ਅਪਰਾਧ ਸੈੱਲ ਨੇ ਅਪਰਾਧੀਆਂ ਦਾ ਪਤਾ ਲਾਉਣ ਲਈ ਵਟਸਐਪ, ਫੇਸਬੁੱਕ, ਇੰਸਟਾਗ੍ਰਾਮ ਅਤੇ ਟੈਲੀਗ੍ਰਾਮ ਵਰਗੇ ਪਲੇਟਫਾਰਮਾਂ ਤੋਂ ਡਿਜੀਟਲ ਸਬੂਤਾਂ ਦਾ ਬਾਰੀਕੀ ਨਾਲ ਵਿਸ਼ਲੇਸ਼ਣ ਕਰਨ ਤੋਂ ਬਾਅਦ, ਇਹ ਕਾਰਵਾਈ ਕੀਤੀ। ਸਾਈਬਰ ਕ੍ਰਾਈਮ ਦੇ ਵਧੀਕ ਡਾਇਰੈਕਟਰ ਜਨਰਲ (ADGP), ਸ਼੍ਰੀਮਤੀ V Neeraja, ਜਿਨ੍ਹਾਂ ਨੇ ਇਸ ਕਾਰਵਾਈ ਦੀ ਅਗਵਾਈ ਕੀਤੀ, ਨੇ ਕਿਹਾ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ CSEAM ਸਮੱਗਰੀ ਦੇਖ ਰਹੇ ਸਨ ਅਤੇ ਹੋਰਾਂ ਨਾਲ ਵੀ ਸਾਂਝੀ ਕਰ ਰਹੇ ਸਨ। ਇਸ ਦੇ ਨਾਲ ਹੀ ਪੀੜਤ ਨੂੰ ਉਸਦੀਆਂ ਅਸ਼ਲੀਲ ਤਸਵੀਰਾਂ

ਸਾਂਝੀਆਂ ਕਰਨ ਲਈ ਬਲੈਕਮੇਲ ਕਰ ਰਹੇ ਸਨ ਅਤੇ ਨਾਬਾਲਗ ਬੱਚਿਆਂ ਦਾ ਜਿਣਸੀ ਸ਼ੋਸ਼ਣ ਕਰ ਰਹੇ ਸਨ। ਮੁਲਜ਼ਮਾਂ 'ਤੇ IT ਕਾਨੂੰਨ, 2000 ਅਤੇ POCSO ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਮੁਕੱਦਮਾ ਦਰਜ ਕੀਤਾ ਜਾ ਸਕਦਾ ਏ। ਇਸ ਤੋਂ ਇਲਾਵਾ ਪੰਜਾਬ ਭਰ ਵਿੱਚ, CSEAM ਦੀ ਵਰਤੋਂ ਕਰਨ ਵਾਲੇ 33 ਸ਼ੱਕੀ ਵਿਅਕਤੀਆਂ ਦੇ ਮੋਬਾਈਲ ਫੋਨਾਂ ਨੂੰ ਇਨ੍ਹਾਂ ਵਿਚੋਂ DELETE ਕੀਤੇ ਗਏ ਡੇਟਾ ਨੂੰ ਮੁੜ ਪ੍ਰਾਪਤ ਕਰਨ ਲਈ, ਫੋਰੈਂਸਿਕ ਵਿਸ਼ਲੇਸ਼ਣ ਲਈ ਭੇਜਿਆ ਗਿਆ ਏ।

---------------------------------------------------------------

ਜਲੰਧਰ ਵਿੱਚ, ਪੰਜਾਬ ਰਾਜ ਸਫ਼ਾਈ ਕਰਮਚਾਰੀ ਕਮਿਸ਼ਨ ਦੇ ਚੇਅਰਮੈਨ ਚੰਦਨ ਗਰੇਵਾਲ ਨੇ ਅੱਜ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਸਫਾਈ ਕਰਮਚਾਰੀਆਂ ਦੀਆਂ ਮੁਸ਼ਕਲਾਂ ਸੁਣੀਆਂ ਅਤੇ ਮੌਕੇ ’ਤੇ ਮੌਜੂਦ ਅਧਿਕਾਰੀਆਂ ਨੂੰ ਉਨ੍ਹਾਂ ਦਾ ਢੁੱਕਵਾਂ ਅਤੇ ਸਮਾਂਬੱਧ ਢੰਗ ਨਾਲ ਹੱਲ ਕਰਨ ਦੀ ਹਦਾਇਤ ਕੀਤੀ। ਨਗਰ ਨਿਗਮ, ਕੌਂਸਲਾਂ ਤੇ ਨਗਰ ਪੰਚਾਇਤਾਂ ਦੇ ਅਧਿਕਾਰੀਆਂ ਅਤੇ ਸਫਾਈ ਕਰਮਚਾਰੀਆਂ ਦੀਆਂ ਯੂਨੀਅਨਾਂ ਦੇ ਨੁਮਾਇੰਦਿਆਂ ਨਾਲ ਮੀਟਿੰਗ ਦੌਰਾਨ, ਚੇਅਰਮੈਨ ਨੇ ਕਿਹਾ

ਕਿ ਪੰਜਾਬ ਸਰਕਾਰ ਸਫਾਈ ਕਰਮਚਾਰੀਆਂ ਦੀ ਬਿਹਤਰੀ ਲਈ ਵਚਨਬੱਧ ਏ ਅਤੇ ਕਮਿਸ਼ਨ ਵੱਲੋਂ ਸੂਬੇ ਦੇ ਵੱਖ-ਵੱਖ ਸਰਕਾਰੀ ਵਿਭਾਗਾਂ 'ਚ ਕੰਮ ਕਰ ਰਹੇ ਸਫ਼ਾਈ ਕਰਮਚਾਰੀਆਂ ਦੀ ਭਲਾਈ ਯਕੀਨੀ ਬਣਾਉਣ ਵਿੱਚ, ਕੋਈ ਕਸਰ ਬਾਕੀ ਨਹੀਂ ਛੱਡੀ ਜਾ ਰਹੀ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸਫ਼ਾਈ ਕਰਮਚਾਰੀਆਂ ਦੇ ਹਿੱਤਾਂ ਦਾ ਪੂਰਾ ਖਿਆਲ ਰੱਖਦੇ ਹੋਏ ਉਨ੍ਹਾਂ ਦੀਆਂ ਸਮੱਸਿਆਵਾਂ ਪਹਿਲ ਦੇ ਆਧਾਰ ’ਤੇ ਹੱਲ ਕੀਤੀਆਂ ਜਾਣ। ਉਨ੍ਹਾਂ ਅਧਿਕਾਰੀਆਂ ਨੂੰ ਸਫਾਈ ਕਰਮਚਾਰੀਆਂ ਨੂੰ ਸਮੇਂ ਸਿਰ ਤਨਖਾਹ, ਲੋੜੀਂਦੇ ਸੁਰੱਖਿਆ ਉਪਕਰਣ ਅਤੇ ਸਮਰੱਥਾ ਵਿੱਚ ਵਾਧੇ ਲਈ ਟ੍ਰੇਨਿੰਗਾਂ ਦਿਵਾਉਣ ਦੇ ਨਿਰਦੇਸ਼ ਵੀ ਦਿੱਤੇ। ਮੀਟਿੰਗ ਉਪਰੰਤ ਮੀਡੀਆ ਨਾਲ ਗੱਲਬਾਤ ਕਰਦਿਆਂ, ਚੇਅਰਮੈਨ ਚੰਦਨ ਗਰੇਵਾਲ ਨੇ ਕਿਹਾ ਕਿ ਸਫਾਈ ਕਰਮਚਾਰੀ ਸਮਾਜ ਦਾ ਅਹਿਮ ਹਿੱਸਾ ਨੇ, ਜਿਨ੍ਹਾਂ ਦੀ ਭਲਾਈ ਲਈ ਕਮਿਸ਼ਨ ਲਗਾਤਾਰ ਕੰਮ ਕਰ ਰਿਹਾ ਏ।

---------------------------------------------------------------

ਪੰਜਾਬ ਵਿੱਚ, ਦੱਖਣ-ਪੱਛਮੀ ਮਾਨਸੂਨ ਦੇ ਹੋਰ ਅੱਗੇ ਵਧਣ ਨਾਲ ਕਈ

ਥਾਵਾਂ 'ਤੇ ਮੀਂਹ ਪੈਣ ਨਾਲ ਭਿਆਨਕ ਗਰਮੀ ਤੋਂ ਕੁਝ ਰਾਹਤ ਮਿਲੀ ਏ। ਮੌਸਮ ਵਿਭਾਗ ਨੇ ਅਗਲੇ 2 ਤੋਂ 3 ਦਿਨਾਂ ਦੌਰਾਨ ਦੱਖਣ-ਪੱਛਮੀ ਮਾਨਸੂਨ ਦੇ ਹੋਰ ਅੱਗੇ ਵਧਣ ਲਈ ਹਾਲਾਤ ਸੁਖਾਵੇਂ ਹੋਣ ਦੀ ਪੇਸ਼ੀਨਗੋਈ ਕੀਤੀ ਏ. ਇਸ ਦੌਰਾਨ, ਅੱਜ ਵੀ ਪੰਜਾਬ ਦੇ ਕਈ ਹਿੱਸਿਆਂ ਵਿੱਚ ਗਰਜ ਅਤੇ ਬਿਜਲੀ ਦੇ ਨਾਲ ਦਰਮਿਆਨੀ ਬਾਰਿਸ਼ ਹੋਣ ਦੀ ਸੰਭਾਵਨਾ ਏ।

---------------------------------------------------------------

FIH ਪ੍ਰੋ ਮਹਿਲਾ ਹਾਕੀ ਲੀਗ 2024-25 ਵਿੱਚ, ਅੱਜ ਬਰਲਿਨ 'ਚ, ਭਾਰਤ ਦਾ ਮੁਕਾਬਲਾ ਚੀਨ ਨਾਲ ਹੋਵੇਗਾ। ਇਹ ਮੈਚ ਸ਼ਾਮ ਸਾਢੇ 5 ਵਜੇ ਸ਼ੁਰੂ ਹੋਵੇਗਾ। ਅੰਕ ਸੂਚੀ ਵਿੱਚ, ਚੀਨ ਚੌਥੇ ਅਤੇ ਭਾਰਤ ਆਖਰੀ ਸਥਾਨ 'ਤੇ ਏ। Saalima Tete ਦੀ ਕਪਤਾਨੀ 'ਚ, ਭਾਰਤੀ ਟੀਮ ਟੂਰਨਾਮੈਂਟ ਵਿੱਚ ਆਪਣੇ ਆਖਰੀ ਦੋ ਮੈਚ ਜਿੱਤਣ ਦੀ ਪੂਰੀ ਕੋਸ਼ਿਸ਼ ਕਰੇਗੀ। ਭਾਰਤ, ਭਲਕੇ ਚੀਨ ਖਿਲਾਫ ਹੀ ਆਪਣਾ ਆਖਰੀ ਮੈਚ ਖੇਡੇਗਾ।